ਭੈਰਉ ਮਹਲਾ ੫ ॥ ਨਮਸਕਾਰ ਤਾ ਕਉ ਲਖ ਬਾਰ ॥ ਇਹੁ ਮਨੁ ਦੀਜੈ ਤਾ ਕਉ ਵਾਰਿ ॥ ਸਿਮਰਨਿ ਤਾ ਕੈ ਮਿਟਹਿ ਸੰਤਾਪ ॥ ਹੋਇ ਅਨੰਦੁ ਨ ਵਿਆਪਹਿ ਤਾਪ ॥ ੧॥ ਐਸੋ ਹੀਰਾ ਨਿਰਮਲ ਨਾਮ ॥ ਜਾਸੁ ਜਪਤ ਪੂਰਨ ਸਭਿ ਕਾਮ ॥ ੧॥ ਰਹਾਉ ॥ ਜਾ ਕੀ ਦ੍ਰਿਸਟਿ ਦੁਖ ਡੇਰਾ ਢਹੈ ॥ ਅੰਮ੍ਰਿਤ ਨਾਮੁ ਸੀਤਲੁ ਮਨਿ ਗਹੈ ॥ ਅਨਿਕ ਭਗਤ ਜਾ ਕੇ ਚਰਨ ਪੂਜਾਰੀ ॥ ਸਗਲ ਮਨੋਰਥ ਪੂਰਨਹਾਰੀ ॥ ੨॥ ਖਿਨ ਮਹਿ ਊਣੇ ਸੁਭਰ ਭਰਿਆ ॥ ਖਿਨ ਮਹਿ ਸੂਕੇ ਕੀਨੇ ਹਰਿਆ ॥ ਖਿਨ ਮਹਿ ਨਿਥਾਵੇ ਕਉ ਦੀਨੋ ਥਾਨੁ ॥ ਖਿਨ ਮਹਿ ਨਿਮਾਣੇ ਕਉ ਦੀਨੋ ਮਾਨੁ ॥ ੩॥ ਸਭ ਮਹਿ ਏਕੁ ਰਹਿਆ ਭਰਪੂਰਾ ॥ ਸੋ ਜਾਪੈ ਜਿਸੁ ਸਤਿਗੁਰੁ ਪੂਰਾ ॥ ਹਰਿ ਕੀਰਤਨੁ ਤਾ ਕੋ ਆਧਾਰੁ ॥ ਕਹੁ ਨਾ ਨਕ ਜਿਸੁ ਆਪਿ ਦਇਆਰੁ ॥੪॥੧੩॥੨੬॥ {ਪੰਨਾ 1142}

ਪਦਅਰਥ:- ਤਾ ਕਉ—ਉਸ (ਪਰਮਾਤਮਾ) ਨੂੰ। ਬਾਰ—ਵਾਰੀ। ਵਾਰਿ ਦੀਜੈ—ਸਦਕੇ ਕਰ ਦੇਈਏ। ਤਾ ਕੈ ਸਿਮਰਨਿ—ਉਸ (ਪ੍ਰਭੂ) ਦੇ ਸਿਮਰਨ ਦੀ ਬਰਕਤਿ ਨਾਲ। ਮਿਟਹਿ—ਮਿਟ ਜਾਂਦੇ ਹਨ {ਬਹੁ-ਵਚਨ}। ਸੰਤਾਪ—ਦੁੱਖ-ਕਲੇਸ਼। ਨ ਵਿਆਪਹਿ—ਆਪਣਾ ਜ਼ੋਰ ਨਹੀਂ ਪਾ ਸਕਦੇ।1।

ਹੀਰਾ—ਕੀਮਤੀ ਪਦਾਰਥ। ਨਿਰਮਲ—ਪਵਿੱਤਰ (ਕਰਨ ਵਾਲਾ)। ਜਾਸੁ ਜਪਤ—ਜਿਸ ਨੂੰ ਜਪਦਿਆਂ। ਸਭਿ—ਸਾਰੇ। ਕਾਮ—ਕੰਮ।1। ਰਹਾਉ।

ਜਾ ਕੀ ਦ੍ਰਿਸਟਿ—ਜਿਸ ਦੀ (ਮਿਹਰ ਦੀ) ਨਿਗਾਹ ਨਾਲ। ਢਹੈ—ਢਹਿ ਜਾਂਦਾ ਹੈ {ਇਕ-ਵਚਨ}। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ। ਸੀਤਲੁ—ਠੰਢਾ, ਸ਼ਾਂਤੀ ਦੇਣ ਵਾਲਾ। ਮਨਿ—ਮਨ ਵਿਚ। ਗਹੈ—ਫੜ ਰੱਖਦਾ ਹੈ। ਪੂਜਾਰੀ—ਪੂਜਾ ਕਰਨ ਵਾਲੇ। ਮਨੋਰਥ—ਮੰਗਾਂ, ਲੋੜਾਂ। ਪੂਰਨਹਾਰੀ—ਪੂਰੀਆਂ ਕਰਨ ਵਾਲਾ।2।

ਊਣੇ—ਖ਼ਾਲੀ। ਸੁਭਰ—ਨਕਾ-ਨਕ।3।

ਰਹਿਆ ਭਰਪੂਰਾ—ਪੂਰਨ ਤੌਰ ਤੇ ਵੱਸ ਰਿਹਾ ਹੈ। ਜਾਪੈ—ਜਪਦਾ ਹੈ। ਤਾ ਕੋ—ਉਸ ਦੇ ਹਿਰਦੇ ਵਿਚ। ਆਧਾਰੁ—ਆਸਰਾ। ਦਇਆਰੁ—ਦਇਆਵਾਨ।4।

ਅਰਥ:- ਹੇ ਭਾਈ! (ਜੀਵਾਂ ਦੇ ਹਿਰਦੇ) ਪਵਿੱਤਰ ਕਰਨ ਵਾਲਾ ਹਰਿ-ਨਾਮ ਅਜਿਹਾ ਕੀਮਤੀ ਪਦਾਰਥ ਹੈ ਕਿ ਉਸ ਨੂੰ ਜਪਦਿਆਂ ਸਾਰੇ ਕੰਮ ਸਫਲ ਹੋ ਜਾਂਦੇ ਹਨ।1। ਰਹਾਉ।

ਹੇ ਭਾਈ! ਉਸ ਪਰਮਾਤਮਾ ਅੱਗੇ ਲੱਖਾਂ ਵਾਰੀ ਸਿਰ ਨਿਵਾਣਾ ਚਾਹੀਦਾ ਹੈ, ਆਪਣਾ ਇਹ ਮਨ ਉਸ ਪਰਮਾਤਮਾ ਦੇ ਅੱਗੇ ਭੇਟਾ ਕਰ ਦੇਣਾ ਚਾਹੀਦਾ ਹੈ। ਹੇ ਭਾਈ! ਉਸ ਪਰਮਾਤਮਾ ਦਾ ਨਾਮ ਸਿਮਰਨ ਦੀ ਬਰਕਤ ਨਾਲ (ਸਾਰੇ) ਦੁੱਖ-ਕਲੇਸ਼ ਮਿਟ ਜਾਂਦੇ ਹਨ, (ਮਨ ਵਿਚ) ਖ਼ੁਸ਼ੀ ਪੈਦਾ ਹੁੰਦੀ ਹੈ, ਕੋਈ ਭੀ ਦੁੱਖ ਆਪਣਾ ਜ਼ੋਰ ਨਹੀਂ ਪਾ ਸਕਦੇ।1।

ਹੇ ਭਾਈ! ਜਿਸ ਪਰਮਾਤਮਾ ਦੀ ਮਿਹਰ ਦੀ ਨਿਗਾਹ ਨਾਲ (ਮਨੁੱਖ ਦੇ ਅੰਦਰੋਂ) ਦੁੱਖਾਂ ਦਾ ਡੇਰਾ ਢਹਿ ਜਾਂਦਾ ਹੈ, (ਜਿਹੜਾ ਮਨੁੱਖ ਉਸ ਦਾ) ਆਤਮਕ ਜੀਵਨ ਦੇਣ ਵਾਲਾ ਨਾਮ (ਆਪਣੇ) ਮਨ ਵਿਚ ਵਸਾਂਦਾ ਹੈ (ਉਸ ਦਾ ਹਿਰਦਾ) ਠੰਢਾ-ਠਾਰ ਹੋ ਜਾਂਦਾ ਹੈ। ਹੇ ਭਾਈ! ਅਨੇਕਾਂ ਹੀ ਭਗਤ ਜਿਸ ਪਰਮਾਤਮਾ ਦੇ ਚਰਨ ਪੂਜ ਰਹੇ ਹਨ, ਉਹ ਪ੍ਰਭੂ (ਆਪਣੇ ਭਗਤਾਂ ਦੇ) ਸਾਰੇ ਮਨੋਰਥ ਪੂਰੇ ਕਰਨ ਵਾਲਾ ਹੈ।2।

ਹੇ ਭਾਈ! (ਉਸ ਪਰਮਾਤਮਾ ਦਾ ਨਾਮ) ਖ਼ਾਲੀ (ਹਿਰਦਿਆਂ) ਨੂੰ ਇਕ ਖਿਨ ਵਿਚ (ਗੁਣਾਂ ਨਾਲ) ਨਕਾ-ਨਕ ਭਰ ਦੇਂਦਾ ਹੈ, (ਆਤਮਕ ਜੀਵਨ ਵਲੋਂ) ਸੁੱਕੇ ਹੋਇਆਂ ਨੂੰ ਇਕ ਖਿਨ ਵਿਚ ਹਰੇ ਕਰ ਦੇਂਦਾ ਹੈ। ਜਿਸ ਮਨੁੱਖ ਨੂੰ ਕਿਤੇ ਆਸਰਾ ਨਹੀਂ ਮਿਲਦਾ, ਪਰਮਾਤਮਾ ਉਸ ਨੂੰ ਇਕ ਖਿਨ ਵਿਚ ਸਹਾਰਾ ਦੇ ਦੇਂਦਾ ਹੈ, ਜਿਸ ਨੂੰ ਕਿਤੇ ਕੋਈ ਆਦਰ-ਸਤਕਾਰ ਨਹੀਂ ਦੇਂਦਾ, ਉਹ ਪਰਮਾਤਮਾ ਉਸ ਨੂੰ ਇਕ ਖਿਨ ਵਿਚ ਮਾਣ-ਆਦਰ ਬਖ਼ਸ਼ ਦੇਂਦਾ ਹੈ।3।

ਹੇ ਭਾਈ! ਸਭ ਜੀਵਾਂ ਵਿਚ ਉਹ ਪਰਮਾਤਮਾ ਹੀ ਪੂਰਨ ਤੌਰ ਤੇ ਵੱਸ ਰਿਹਾ ਹੈ। (ਪਰ ਉਸ ਦਾ ਨਾਮ) ਉਹ ਮਨੁੱਖ (ਹੀ) ਜਪਦਾ ਹੈ, ਜਿਸ ਨੂੰ ਪੂਰਾ ਗੁਰੂ (ਪ੍ਰੇਰਨਾ ਕਰਦਾ ਹੈ)। ਹੇ ਨਾਨਕ! ਆਖ—ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਆਪ ਦਇਆਵਾਨ ਹੁੰਦਾ ਹੈ ਉਸ ਦੇ ਹਿਰਦੇ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਆਸਰਾ ਬਣ ਜਾਂਦੀ ਹੈ।4।13। 26।